## ਸੋਹਿਲਾ

## ਰਾਗੁ ਗਉੜੀ ਦੀਪਕੀ ਮਹਲਾ ੧   ੧ੴ ਸਤਿਗੁਰ ਪ੍ਰਸਾਦਿ॥

ਜੈ ਘਰਿ ਕੀਰਤਿ ਆਖੀਐ ਕਰਤੇ ਕਾ ਹੋਇ ਬੀਚਾਰੋ ॥ ਤਿਤੁ ਘਰਿ ਗਾਵਹੁ ਸੋਹਿਲਾ ਸਿਵਰਿਹੁ ਸਿਰਜਣਹਾਰੋ ॥ ੧ ॥ ਤੁਮ ਗਾਵਹੁ ਮੇਰੇ ਨਿਰਭਉ ਕਾ ਸੋਹਿਲਾ ॥ ਹਉ ਵਾਰੀ ਜਿਤੁ ਸੋਹਿਲੈ ਸਦਾ ਸੁਖੁ ਹੋਇ॥ ੧ ॥ ਰਹਾਉ॥ ਨਿਤ ਨਿਤ ਜੀਅੜੇ ਸਮਾਲੀਅਨਿ ਦੇਖੈਗਾ ਦੇਵਣਹਾਰੁ ॥ ਤੇਰੇ ਦਾਨੈ ਕੀਮਤਿ ਨਾ ਪਵੈ ਤਿਸੁ ਦਾਤੇ ਕਵਣੁ ਸੁਮਾਰੁ ॥ ੨ ॥ ਸੰਬਤਿ ਸਾਹਾ ਲਿਖਿਆ ਮਿਲਿ ਕਰਿ ਪਾਵਹੁ ਤੇਲੁ॥ ਦੇਹੁ ਸਜਣ ਅਸੀਸੜੀਆ ਜਿਉ ਹੋਵੈ ਸਾਹਿਬ ਸਿਉ ਮੇਲੁ ॥ ੩ ॥ ਘਰਿ ਘਰਿ ਏਹੋ ਪਾਹੁਚਾ ਸਦੜੇ ਨਿਤ ਪਵੰਨਿ ॥ ਸਦਣਹਾਰਾ ਸਿਮਰੀਐ ਨਾਨਕ ਸੇ ਦਿਹ ਆਵੰਨਿ ॥ ੪ ॥ **੧** ॥

## ਰਾਗੁ ਆਸਾ ਮਹਲਾ ੧ ॥

ਛਿਅ ਘਰ ਛਿਅ ਗੁਰ ਛਿਅ ਉਪਦੇਸ ॥ ਗੁਰੁ ਗੁਰੁ ਏਕੋ ਵੇਸ ਅਨੇਕ ॥ ੧ ॥ ਬਾਬਾ ਜੈ ਘਰਿ ਕਰਤੇ ਕੀਰਤਿ ਹੋਇ ॥ ਸੋ ਘਰੁ ਰਾਖੁ ਵਡਾਈ ਤੋਇ ॥ ੧ ॥ ਰਹਾਉ ॥ ਵਿਸੁਏ ਚਸਿਆ ਘੜੀਆ ਪਹਰਾ ਥਿਤੀ ਵਾਰੀ ਮਾਹੁ ਹੋਆ ॥ ਸੂਰਜੁ ਏਕੋ ਰੁਤਿ ਅਨੇਕ ॥ ਨਾਨਕ ਕਰਤੇ ਕੇ ਕੇਤੇ ਵੇਸ ॥ ੨ ॥ **੨** ॥

## ਰਾਗੁ ਧਨਾਸਰੀ ਮਹਲਾ ੧ ॥

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ ਤਾਰਿਕਾ ਮੰਡਲ ਜਨਕ ਮੋਤੀ ॥ ਧੂਪੁ ਮਲਆਨਲੋ ਪਵਣੁ ਚਵਰੋ ਕਰੇ ਸਗਲ ਬਨਰਾਇ ਫੂਲੰਤ ਜੋਤੀ ॥ ੧ ॥ ਕੈਸੀ ਆਰਤੀ ਹੋਇ ॥ ਭਵਖੰਡਨਾ ਤੇਰੀ ਆਰਤੀ ॥ ਅਨਹਤਾ ਸਬਦ ਵਾਜੰਤ ਭੇਰੀ ॥ ੧ ॥ ਰਹਾਉ ॥ ਸਹਸ ਤਵ ਨੈਨ ਨਨ ਨੈਨ ਹਹਿ ਤੋਹਿ ਕਉ ਸਹਸ ਮੂਰਤਿ ਨਨਾ ਏਕ ਤੋਹੀ ॥ ਸਹਸ ਪਦ ਬਿਮਲ ਨਨ ਏਕ ਪਦ ਗੰਧ ਬਿਨੁ ਸਹਸ ਤਵ ਗੰਧ ਇਵ ਚਲਤ ਮੋਹੀ ॥ ੨ ॥ ਸਭ ਮਹਿ ਜੋਤਿ ਜੋਤਿ ਹੈ ਸੋਇ ॥ ਤਿਸਦੈ ਚਾਨਣਿ ਸਭ ਮਹਿ ਚਾਨਣੁ ਹੋਇ ॥ ਗੁਰ ਸਾਖੀ ਜੋਤਿ ਪਰਗਟੁ ਹੋਇ ॥ ਜੋ ਤਿਸੁ ਭਾਵੈ ਸੁ ਆਰਤੀ ਹੋਇ ॥ ੩ ॥ ਹਰਿ ਚਰਣ ਕਵਲ ਮਕਰੰਦ ਲੋਭਿਤ ਮਨੋ ਅਨਦਿਨੋ ਮੋਹਿ ਆਹੀ ਪਿਆਸਾ ॥ ਕ੍ਰਿਪਾ ਜਲੁ ਦੇਹਿ ਨਾਨਕ ਸਾਰਿੰਗ ਕਉ ਹੋਇ ਜਾਤੇ ਤੇਰੈ ਨਾਇ ਵਾਸਾ ॥ ੪ ॥ **੩**॥

## ਰਾਗੁ ਗਉੜੀ ਪੂਰਬੀ ਮਹਲਾ ੪ ॥

ਕਾਮਿ ਕਰੋਧਿ ਨਗਰੁ ਬਹੁ ਭਰਿਆ ਮਿਲਿ ਸਾਧੂ ਖੰਡਲ ਖੰਡਾ ਹੇ ॥ ਪੂਰਬਿ ਲਿਖਤ ਲਿਖੇ ਗੁਰੁ ਪਾਇਆ ਮਨਿ ਹਰਿ ਲਿਵ ਮੰਡਲ ਮੰਡਾ ਹੇ ॥ ੧ ॥ ਕਰਿ ਸਾਧੂ ਅੰਜੁਲੀ ਪੁਨੁ ਵਡਾ ਹੇ ॥ ਕਰਿ ਡੰਡਉਤ ਪੁਨੁ ਵਡਾ ਹੇ ॥ ੧ ॥ ਰਹਾਉ ॥ ਸਾਕਤ ਹਰਿ ਰਸ ਸਾਦੁ ਨ ਜਾਣਿਆ ਤਿਨ ਅੰਤਰਿ ਹਉਮੈ ਕੰਡਾ ਹੇ ॥ ਜਿਉ ਜਿਉ ਚਲਹਿ ਚੁਭੈ ਦੁਖੁ ਪਾਵਹਿ ਜਮਕਾਲੁ ਸਹਹਿ ਸਿਰਿ ਡੰਡਾ ਹੇ ॥ ੨ ॥ ਹਰਿ ਜਨ ਹਰਿ ਹਰਿ ਨਾਮਿ ਸਮਾਣੇ ਦੁਖੁ ਜਨਮ ਮਰਣ ਭਵ ਖੰਡਾ ਹੇ ॥ ਅਬਿਨਾਸੀ ਪੁਰਖੁ ਪਾਇਆ ਪਰਮੇਸਰੁ ਬਹੁ ਸੋਭ ਖੰਡ ਬ੍ਰਹਮੰਡਾ ਹੇ ॥ ੩ ॥ ਹਮ ਗਰੀਬ ਮਸਕੀਨ ਪ੍ਰਭ ਤੇਰੇ ਹਰਿ ਰਾਖੁ ਰਾਖੁ ਵਡ ਵਡਾ ਹੇ ॥ ਜਨ ਨਾਨਕ ਨਾਮੁ ਅਧਾਰੁ ਟੇਕ ਹੈ ਹਰਿਨਾਮੇ ਹੀ ਸੁਖੁ ਮੰਡਾ ਹੇ ॥ ੪ ॥ **੪** ॥

## ਰਾਗੁ ਗਉੜੀ ਪੂਰਬੀ ਮਹਲਾ ੫ ॥

ਕਰਉ ਬੇਨੰਤੀ ਸੁਣਹੁ ਮੇਰੇ ਮੀਤਾ ਸੰਤ ਟਹਲ ਕੀ ਬੇਲਾ ॥ ਈਹਾ ਖਾਟਿ ਚਲਹੁ ਹਰਿ ਲਾਹਾ ਆਗੈ ਬਸਨੁ ਸੁਹੇਲਾ ॥ ੧ ॥ ਅਉਧ ਘਟੈ ਦਿਨਸੁ ਰੈਣਾ ਰੇ ॥ ਮਨ ਗੁਰ ਮਿਲਿ ਕਾਜ ਸਵਾਰੇ ॥ ੧ ॥ ਰਹਾਉ ॥ ਇਹੁ ਸੰਸਾਰੁ ਬਿਕਾਰੁ ਸੰਸੇ ਮਹਿ ਤਰਿਓ ਬ੍ਰਹਮ ਗਿਆਨੀ ॥ ਜਿਸਹਿ ਜਗਾਇ ਪੀਆਵੈ ਇਹੁ ਰਸੁ ਅਕਥ ਕਥਾ ਤਿਨਿ ਜਾਨੀ ॥ ੨ ॥ ਜਾਕਉ ਆਏ ਸੋਈ ਬਿਹਾਝਹੁ ਹਰਿ ਗੁਰ ਤੇ ਮਨਹਿ ਬਸੇਰਾ ॥ ਨਿਜ ਘਰਿ ਮਹਲੁ ਪਾਵਹੁ ਸੁਖ ਸਹਜੇ ਬਹੁਰਿ ਨ ਹੋਇਗੋ ਫੇਰਾ ॥ ੩ ॥ ਅੰਤਰਜਾਮੀ ਪੁਰਖ ਬਿਧਾਤੇ ਸਰਧਾ ਮਨ ਕੀ ਪੂਰੇ ॥ ਨਾਨਕ ਦਾਸੁ ਇਹੈ ਸੁਖੁ ਮਾਗੈ ਮੋਕਉ ਕਰਿ ਸੰਤਨ ਕੀ ਧੂਰੇ ॥ ੪ ॥ **੫** ॥ ((((-----)))))